# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-07-2024**

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਅੰਮ੍ਰਿਤਸਰ ਵਿਚ ਸਰਹੱਦੀ ਇਲਾਕੇ ਦੀਆਂ ਪਿੰਡ ਪੱਧਰੀ ਰਖਿਆ ਕਮੇਟੀਆਂ ਦੇ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਐਲਾਨ ਕੀਤਾ ਏ, ਕਿ ਇੱਕ ਸਾਲ ਦੇ ਅੰਦਰ ਅੰਦਰ ਪੂਰੀ ਭਾਰਤ ਪਾਕਿਸਤਾਨ ਸਰਹੱਦ ਉੱਤੇ ਐਂਟੀ ਡਰੋਨ ਟੈਕਨੋਲੋਜੀ ਲਗਾ ਦਿੱਤੀ ਜਾਵੇਗੀ, ਜਿਸ ਨਾਲ ਪਾਕਿਸਤਾਨ ਤੋਂ ਡਰੋਨ ਰਾਹੀਂ ਹੁੰਦੀ ਨਸ਼ੇ ਅਤੇ ਹਥਿਆਰਾਂ ਦੀ ਤਸਕਰੀ ਪੂਰੀ ਤਰ੍ਹਾਂ ਬੰਦ ਹੋ ਜਾਵੇਗੀ। ਜ਼ਿਲੇ ਦੇ ਪਿੰਡ ਧਨੋਏ ਅਤੇ ਉਸ ਤੋਂ ਬਾਅਦ, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਹਾਲ ਵਿੱਚ, ਅੰਮ੍ਰਿਤਸਰ ਅਤੇ ਤਰਨ ਤਾਰਨ ਦੀਆਂ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕਰਦਿਆਂ , ਉਨਾਂ ਪੰਜਾਬ ਸਰਕਾਰ ਵਲੋਂ ਨਸ਼ਿਆਂ ਵਿਰੁੱਧ ਅਪਣਾਈ ਸਖਤ ਨੀਤੀ ਲਈ, ਕੇਂਦਰੀ ਅਤੇ ਸੂਬਾ ਏਜੰਸੀਆਂ ਦੀ ਸਿਫ਼ਤ ਕਰਦਿਆਂ ਕਿਹਾ ਕਿ ਜਿਵੇਂ ਸਿਵਲ, ਪੁਲਿਸ ਅਤੇ ਕੇਂਦਰੀ

ਏਜੰਸੀਆਂ ਮਿਲ ਕੇ ਕੰਮ ਕਰ ਰਹੀਆਂ ਨੇ, ਉਸਦੇ ਵਧੀਆ ਨਤੀਜੇ ਸਾਹਮਣੇ ਆਉਣ ਲੱਗ ਪਏ ਨੇ। ਰਾਜਪਾਲ ਪੁਰੋਹਿਤ ਨੇ ਇਹ ਵੀ ਐਲਾਨ ਕੀਤਾ, ਕਿ ਭਾਰਤ ਪਾਕਿਸਤਾਨ ਸਰਹੱਦ ਨਾਲ ਲੱਗਦੇ ਛੇ ਜ਼ਿਲਿਆਂ ਵਿੱਚ ਚੰਗਾ ਕੰਮ ਕਰਨ ਵਾਲੀਆਂ ਕਮੇਟੀਆਂ ਨੂੰ ਨਕਦ ਇਨਾਮ ਦਿੱਤੇ ਜਾਣਗੇ, ਜਿਨਾਂ ਵਿੱਚ ਪਹਿਲਾ ਇਨਾਮ 3 ਲੱਖ, ਦੂਜਾ 2 ਲੱਖ ਤੇ ਤੀਜਾ ਇਨਾਮ ਇਕ ਲੱਖ ਰੁਪਏ ਦਾ ਹੋਵੇਗਾ। ਉਨ੍ਹਾਂ ਕਿਹਾ ਕਿ ਸੂਬੇ ਭਰ ਵਿਚ ਨਸ਼ਿਆਂ ਦੇ ਖਾਤਮੇ ਲਈ ਹਰ ਜ਼ਿਲ੍ਹੇ ਵਿਚ ਪਿੰਡ ਪੱਧਰ ਤੇ ਡਿਫੈਂਸ ਕਮੇਟੀਆਂ ਬਣਾਈਆਂ ਜਾਣ ਅਤੇ ਜਿਲ੍ਹੇ ਪੱਧਰ ਦੀ ਮੀਟਿੰਗ ਹਰ ਸਾਲ ਬੁਲਾ ਕੇ ਕਮੇਟੀ ਮੈਂਬਰਾਂ ਨੂੰ ਉਤਸ਼ਾਹਿਤ ਕੀਤਾ ਜਾਵੇ। ਉਨਾਂ ਇਹ ਵੀ ਹਦਾਇਤ ਕੀਤੀ ਕਿ VLDC ਮੈਂਬਰਾਂ ਨੂੰ ਅਸਲਾ ਲਾਇਸੰਸ ਜਰੂਰਤ ਅਨੁਸਾਰ ਜਾਰੀ ਕੀਤੇ ਜਾਣ ਅਤੇ ਇਸ ਤੋਂ ਇਲਾਵਾ ਪੁਲਿਸ ਤੇ ਸਿਵਲ ਪ੍ਰਸ਼ਾਸਨ ਵਿੱਚ ਉਨਾਂ ਨੂੰ ਮਾਣ ਸਤਿਕਾਰ ਦਿੱਤਾ ਜਾਵੇ ਤਾਂ ਜੋ ਲੋਕ ਅੱਗੇ ਆ ਕੇ ਤਸਕਰਾਂ ਵਿਰੁੱਧ ਕੰਮ ਕਰਨ। ਇਸ ਮੌਕੇ DGP ਗੌਰਵ ਯਾਦਵ ਨੇ ਐਲਾਨ ਕੀਤਾ ਕਿ ਜਿਹੜਾ ਵੀ ਵਿਅਕਤੀ, ਸਰਹੱਦ ਪਾਰੋਂ ਆਉਂਦੇ ਡਰੋਨ ਨੂੰ ਫੜਾਉਣ ਵਿੱਚ ਪੁਲਿਸ ਦੀ ਮਦਦ ਕਰੇਗਾ, ਉਸ ਨੂੰ ਇਕ ਲੱਖ

ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਮੁੱਖ ਸਕੱਤਰ ਅਨੁਰਾਗ ਵਰਮਾ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਇਸ ਮੌਕੇ ਹਾਜ਼ਰ ਸਨ ।

---------------------------------------------------

ਪੰਜਾਬ ਵਿਚ ਰੇਲਵੇ ਬਜਟ ਅਲਾਟਮੈਂਟ ਵਿੱਚ ਜ਼ਬਰਦਸਤ ਵਾਧਾ ਹੋਇਆ ਏ । ਸਲਾਨਾ ਔਸਤ ਬਜਟ ਖਰਚਾ 2009-2014 ਦੌਰਾਨ 225 ਕਰੋੜ ਰੁਪਏ ਤੋਂ ਵਧ ਕੇ, ਮਾਲੀ ਵਰੇ 2024-25 ਲਈ 5 ਹਜ਼ਾਰ 147 ਕਰੋੜ ਰੁਪਏ ਹੋ ਗਿਆ ਏ । ਇਹ 23 ਗੁਣਾ ਵਾਧਾ, ਸੂਬੇ ਵਿੱਚ ਰੇਲਵੇ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਭਾਰਤ ਸਰਕਾਰ ਦੇ ਤੀਬਰ ਯਤਨਾਂ ਨੂੰ ਉਜਾਗਰ ਕਰਦਾ ਏ ।

***ਹੋਰ ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: ਬੁਨਿਆਦੀ ਢਾਂਚੇ ਦੇ ਵਿਕਾਸ ਦੇ ਸੰਦਰਭ ਵਿੱਚ, ਨਵੇਂ ਟ੍ਰੈਕਾਂ ਦਾ ਔਸਤ ਸਲਾਨਾ ਨਿਰਮਾਣ 2009 ਤੋਂ 2014 ਵਿਚਾਲੇ 29 ਕਿਲੋਮੀਟਰ ਤੋਂ ਵਧ ਕੇ 2014 ਤੋਂ 2024 ਦੀ ਮਿਆਦ ਦੌਰਾਨ 35 ਕਿਲੋਮੀਟਰ ਹੋ ਗਿਆ ਏ । ਬਿਜਲੀਕਰਨ ਦੇ ਯਤਨਾਂ ਵਿੱਚ ਵੀ ਤੇਜ਼ੀ ਨਾਲ ਸੁਧਾਰ ਹੋਇਆ ਏ ਅਤੇ ਪਿਛਲੇ ਸਮੇਂ ਵਿੱਚ ਸਿਰਫ 33 ਕਿਲੋਮੀਟਰ ਪ੍ਰਤੀ ਸਾਲ ਦੇ***

ਮੁਕਾਬਲੇ 163 ਕਿਲੋਮੀਟਰ ਟ੍ਰੈਕਾਂ ਦਾ ਪ੍ਰਤੀ ਸਾਲ ਬਿਜਲੀਕਰਨ ਕੀਤਾ ਗਿਆ ਏ । ਪੰਜਾਬ ਵਿੱਚ ਹੁਣ ਰੇਲਵੇ ਟ੍ਰੈਕਾਂ ਦਾ 100 ਫੀਸਦ ਬਿਜਲੀਕਰਨ ਹੋ ਗਿਆ ਏ ਜਿਹੜਾ ਕਿ ਇੱਕ ਮਹੱਤਵਪੂਰਨ ਮੀਲ ਪੱਥਰ ਏ ।ਇਸ ਵੇਲੇ 19 ਹਜ਼ਾਰ 843 ਕਰੋੜ ਰੁਪਏ ਦੇ ਨਿਵੇਸ਼ ਨਾਲ ਕੁੱਲ 1 ਹਜ਼ਾਰ 158 ਕਿਲੋਮੀਟਰ ਦੇ ਨਵੇਂ ਟ੍ਰੈਕ ਬਣਾਉਣ ਦੇ ਉਦੇਸ਼ ਨਾਲ 12 ਪ੍ਰੋਜੈਕਟ ਚੱਲ ਰਹੇ ਨੇ । ਇਨ੍ਹਾਂ ਪ੍ਰੋਜੈਕਟਾਂ ਤੋਂ ਰਾਜ ਦੇ ਰੇਲ ਨੈੱਟਵਰਕ ਅਤੇ ਕਨੈਕਟੀਵਿਟੀ ਵਿੱਚ ਮਹੱਤਵਪੂਰਨ ਵਾਧਾ ਹੋਣ ਦੀ ਆਸ ਏ। ਇਸ ਤੋਂ ਇਲਾਵਾ, ਅਬੋਹਰ, ਅੰਮ੍ਰਿਤਸਰ, ਆਨੰਦਪੁਰ ਸਾਹਿਬ, ਬਿਆਸ, ਬਠਿੰਡਾ ਜੰਕਸ਼ਨ, ਢੰਡਾਰੀ ਕਲਾਂ, ਧੂਰੀ, ਫਾਜ਼ਿਲਕਾ, ਫ਼ਿਰੋਜ਼ਪੁਰ ਕੈਂਟ ਅਤੇ ਗੁਰਦਾਸਪੁਰ ਸਮੇਤ ਸੂਬੇ ਦੇ 30 ਸਟੇਸ਼ਨਾਂ ਨੂੰ 'ਅੰਮ੍ਰਿਤ ਸਟੇਸ਼ਨਾਂ' ਵਜੋਂ ਵਿਕਸਿਤ ਕੀਤਾ ਜਾਣਾ ਏ । ਇਨ੍ਹਾਂ ਸਟੇਸ਼ਨਾਂ 'ਤੇ ਯਾਤਰੀਆਂ ਦੀਆਂ ਸਹੂਲਤਾਂ ਅਤੇ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਮਹੱਤਵਪੂਰਨ ਅੱਪਗ੍ਰੇਡ ਕੀਤੇ ਜਾਣਗੇ ।ਸੂਬੇ ਵਿਚ 2014 ਤੋਂ ਹੁਣ ਤੱਕ ਕੁੱਲ 366 ਰੇਲ ਫਲਾਈਓਵਰ ਅਤੇ ਅੰਡਰ-ਬ੍ਰਿਜ ਬਣਾਏ ਗਏ ਨੇ ਜਿਹੜੇ ਸੁਰੱਖਿਆ ਵਿੱਚ ਸੁਧਾਰ

***ਕਰਨ ਅਤੇ ਆਵਾਜਾਈ ਦੀ ਭੀੜ ਘਟਾਉਣ ਵਿੱਚ ਯੋਗਦਾਨ ਪਾ ਰਹੇ ਨੇ । ਇਹ ਵਿਕਾਸ ਰੇਲ ਗੱਡੀਆਂ ਅਤੇ ਵਾਹਨਾਂ ਦੀ ਨਿਰਵਿਘਨ ਅਤੇ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਨੇ ।ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, 'ਦੁਆਬੇ ਵਿੱਚ ਸਰਕਾਰ ਤੁਹਾਡੇ ਦੁਆਰ' ਸਕੀਮ ਦੇ ਹਿੱਸੇ ਵਜੋਂ ਆਪਣੀ ਜਲੰਧਰ ਸਥਿਤ ਰਿਹਾਇਸ਼ 'ਤੇ, ਕਲ ਇਲਾਕੇ ਦੇ ਲੋਕਾਂ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕਰ ਕੇ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਵਾਅਦਾ ਕੀਤਾ ਸੀ, ਕਿ ਉਹ ਦੋ ਦਿਨ ਜਲੰਧਰ ਵਿਖੇ ਰਹਿ ਕੇ ਨਿੱਜੀ ਤੌਰ 'ਤੇ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਿਆ ਕਰਨਗੇ । ਉਨ੍ਹਾਂ ਕਿਹਾ ਕਿ ਇਹ ਜਾਣ ਕੇ ਖ਼ੁਸ਼ੀ ਹੋਈ ਏ ਕਿ ਹੋਰ ਜ਼ਿਲ੍ਹਿਆਂ ਤੋਂ ਵੀ ਲੋਕ ਆਪਣੇ ਰੋਜ਼ਾਨਾ ਦੇ ਪ੍ਰਸ਼ਾਸਨਿਕ ਕੰਮ ਲਈ ਇੱਥੇ ਆ ਰਹੇ ਨੇ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਹਿਲਕਦਮੀ ਦਾ ਇੱਕੋ-ਇੱਕ

ਉਦੇਸ਼, ਇਹ ਯਕੀਨੀ ਬਣਾਉਣਾ ਏ ਕਿ ਸੂਬੇ ਦੇ ਖਾਸ ਕਰ ਕੇ ਮਾਝਾ ਅਤੇ ਦੋਆਬਾ ਖੇਤਰ ਦੇ ਲੋਕਾਂ ਨੂੰ, ਉਨ੍ਹਾਂ ਦੇ ਨਿੱਤ ਦੇ ਕੰਮ ਕਰਵਾਉਣ ਲਈ ਸਹੂਲਤ ਮੁਹੱਈਆ ਕਰਵਾਈ ਜਾਵੇ।

---------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਵਿਖੇ ਸਾਬਕਾ ਸਿੱਖਿਆਰਥੀਆਂ ਅਤੇ ਉੱਦਮੀਆਂ ਵਿਚਾਲੇ ਵਿਚਾਰ ਚਰਚਾ ਲਈ, ਇਕ ਦਿਨ ਦੀ ਕਾਨਫਰੰਸ ਕਰਵਾਈ ਗਈ। ਪ੍ਰੋਫੈਸਰ ਕਮ ਇੰਚਾਰਜ ਡਾ. ਗੁਰਪ੍ਰਦੇਸ਼ ਕੌਰ ਨੇ ਸਿੱਖਿਆਰਥੀਆਂ ਨੂੰ ਆਪਣੇ ਵਿਚਾਰ ਸਾਂਝੇ ਕਰਨ ਤੇ ਵਿਗਿਆਨੀਆਂ ਨੂੰ ਫੀਡ ਬੈਕ ਪ੍ਰਦਾਨ ਕਰਨ ਲਈ ਕੇ ਵੀ ਕੇ ਵਿੱਚ ਵਾਪਸ ਲਿਆਉਣ ਦਾ ਸੰਕਲਪ ਸਾਂਝਾ ਕੀਤਾ ਅਤੇ ਉਦਮਤਾ ਦੇ ਸਫਲ ਸਫ਼ਰ ਵਿੱਚ ਰੁਕਾਵਟਾਂ ਨੂੰ ਦੂਰ ਕਰਨ ਲਈ ਉਨਾਂ ਦਾ ਮਾਰਗ ਦਰਸ਼ਨ ਕੀਤਾ। ਪ੍ਰੋਫੈਸਰ ਬਾਗਬਾਨੀ ਡਾ: ਰਚਨਾ ਸਿੰਗਲਾ ਨੇ ਰੁੱਖ ਲਗਾਉਣ ਅਤੇ ਪੌਸ਼ਟਿਕ ਬਾਗਬਾਨੀ ਬਾਰੇ ਜਾਣਕਾਰੀ ਦਿੱਤੀ ਜਦਕਿ ਸਹਾਇਕ ਪ੍ਰੋਫੈਸਰ ਪੌਦ ਸੁਰੱਖਿਆ ਡਾ: ਹਰਦੀਪ ਸਿੰਘ ਨੇ ਇੱਕ ਉੱਦਮ ਵਜੋਂ ਮਧੂ ਮੱਖੀ ਪਾਲਣ ਬਾਰੇ ਦੱਸਿਆ।